/

ਦਫਤਰ ਡਾਇਰੈਕਟਰ ਸਿੱਖਿਆ ਵਿਭਾਗ(ਸੈ:ਸਿ)ਪੰਜਾਬ,ਸ.ਅ.ਸ.ਨਗਰ।
(ਸੈਕੰਡਰੀ ਸਿੱਖਿਆ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ:ਸਿ/ਐ:ਸਿ),
ਸਮੂਹ ਸਕੂਲ ਮੁੱਖੀ/ਅਧਿਆਪਕ (ਵੈਬਸਾਇਟ ਰਾਹੀਂ),
ਪੰਜਾਬ ।

ਮੀਮੋ ਨੰ: 15/1-18 ਸੈ:ਸਿ (2)/2019225032
ਮਿਤੀ ਸ.ਅ.ਸ ਨਗਰ: 2/8/19

ਵਿਸ਼ਾ:- ਅਧਿਆਪਕ ਸੇਟਟ ਅਵਾਰਡ -2019 ਲਈ ਆਨਲਾਈਨ ਵੈਬਸਾਇਟ epunjabschool.gov.in ਤੇ ਮਿਤੀ 3.08.2019 ਤੋਂ 12.08.2019 ਤੱਕ ਨਾਮੀਨੇਸ਼ਨ ਕਰਨ ਸਬੰਧੀ ਹਦਾਇਤਾਂ ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਸਰਕਾਰ, ਸਿੱਖਿਆ ਵਿਭਾਗ ਵਲੋਂ ਪਿਛਲੇ ਸਾਲ ਦੀ ਤਰ੍ਹਾਂ ਅਧਿਆਪਕ ਸਟੇਟ ਅਵਾਰਡ ਲਈ ਆਨਲਾਈਨ ਨਾਮੀਨੇਸ਼ਨ ਕਰਨ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

**Nomination For the Award:** ਅਧਿਆਪਕ ਸਟੇਟ ਅਵਾਰਡ ਲਈ ਆਨਲਾਈਨ ਨਾਮੀਨੇਸ਼ਨ ਵੈਬਸਾਈਟ e-punjabschool.gov.in ਤੇ ਮਿਤੀ 03-08-2019 ਤੋਂ 12-08-2019 ਤੱਕ ਕਰਨੀ ਜਰੂਰੀ ਹੈ। ਪੋਰਟਲ ਤੇ ਹਰ ਸਟਾਫ ਦਾ ਵੱਖਰਾ ਆਈ-ਡੀ ਪਹਿਲਾਂ ਹੀ ਸਾਰੇ ਅਧਿਆਪਕਾਂ/ ਸਕੂਲ ਮੁੱਖੀਆਂ ਨੂੰ ਮਿਲਿਆ ਹੋਇਆ ਹੈ। ਉਸਦੇ ਰਾਹੀਂ ਲਾਗ-ਇਨ ਕਰਕੇ ਕਿਸੇ ਵੀ ਅਧਿਆਪਕ/ ਸਕੂਲ ਮੁੱਖੀ ਦੀ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਪਿਛਲੇ ਸਾਲ ਦੀ ਤਰ੍ਹਾਂ ਸਰਕਾਰ ਵੱਲੋਂ ਫੈਸਲਾ ਕੀਤਾ ਗਿਆ ਕਿ ਕੋਈ ਵੀ ਅਧਿਆਪਕ/ ਸਕੂਲ ਮੁੱਖੀ ਖੁਦ ਸਟੇਟ ਅਵਾਰਡ ਲਈ ਅਪਲਾਈ ਨਹੀਂ ਕਰੇਗਾ। ਕਿਸੇ ਵੀ ਅਧਿਆਪਕ/ ਸਕੂਲ ਮੁੱਖੀ ਦੀ ਸਟੇਟ ਅਵਾਰਡ ਲਈ ਕੋਈ ਵੀ ਦੂਸਰਾ ਅਧਿਆਪਕ/ ਸਕੂਲ ਮੁੱਖੀ/ ਇੰਚਾਰਜ ਨਾਮੀਨੇਸ਼ਨ ਕਰ ਸਕਦਾ ਹੈ। ਇਸ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀ, ਡੀ.ਈ.ਓ/ ਸਹਾਇਕ ਡਾਇਰੈਕਟਰ/ ਡਿਪਟੀ ਡਾਇਰੈਕਟਰ/ ਡਾਇਰੈਕਟਰ ਜਨਰਲ ਸਕੂਲ ਸਿੱਖਿਆ/ ਸਿੱਖਿਆ ਸਕੱਤਰ ਜੀ ਵੱਲੋਂ ਕਿਸੇ ਵੀ ਅਧਿਆਪਕ/ ਸਕੂਲ ਮੁੱਖੀ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸ ਸਬੰਧੀ ਜੋ ਵੀ ਅਧਿਆਪਕ/ ਸਕੂਲ ਮੁੱਖੀ/ ਉੱਚ ਅਧਿਕਾਰੀ, ਜਿਸ ਅਧਿਆਪਕ/ ਸਕੂਲ ਮੁੱਖੀ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕਰਨਗੇ, ਉਹ ਉਸ ਅਧਿਆਪਕ/ ਸਕੂਲ ਮੁੱਖੀ ਬਾਰੇ ਸਿਰਫ ਆਪਣੇ **ਹੱਥ ਲਿਖਤ** ਵਿੱਚ ਘੱਟੋ-ਘੱਟ 250 ਸ਼ਬਦਾਂ ਵਿੱਚ ਲਿਖਣਗੇ ਕਿ ਉਹ ਉਸ ਅਧਿਆਪਕ/ ਸਕੂਲ ਮੁੱਖੀ ਦੀ ਨਾਮੀਨੇਸ਼ਨ ਕਿਉਂ ਕਰਨਾ ਚਾਹੁੰਦੇ ਹਨ ਅਤੇ ਉਪਰੋਕਤ ਵੈਬਸਾਈਟ ਵਿੱਚ ਹੱਥ ਲਿਖਤ ਨੂੰ ਅਪਲੋਡ ਕਰਨਗੇ।

Scanned with CamScanner

**Eligibility:** ਸਾਰੇ ਸਕੂਲ ਮੁੱਖੀ/ ਇੰਚਾਰਜ ਅਤੇ ਅਧਿਆਪਕ, ਜਿਨ੍ਹਾਂ ਦੀ ਰੈਗੂਲਰ ਤੌਰ ਤੇ ਸਰਵਿਸ ਅਪਲਾਈ ਕਰਨ ਦੀ ਮਿਤੀ ਤੱਕ ਘੱਟੋ-ਘੱਟ 10 ਸਾਲ ਪੂਰੀ ਹੋ ਚੁੱਕੀ ਹੈ, ਉਹਨਾਂ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਜੋ ਅਧਿਆਪਕ ਸੋਸਾਇਟੀਜ਼ ਜਿਵੇਂ SSA, RMSA, PICTES ਅਧੀਨ ਕੰਮ ਕਰ ਰਹੇ ਹਨ, ਉਹਨਾਂ ਦੀ ਨਾਮੀਨੇਸ਼ਨ ਵੀ ਕੀਤੀ ਜਾ ਸਕਦੀ ਹੈ, ਜੇਕਰ ਉਹ ਉਪਰੋਕਤ 10 ਸਾਲ ਦੀ ਰੈਗੂਲਰ ਸਰਵਿਸ ਦੀ ਸ਼ਰਤ ਪੂਰੀ ਕਰਦੇ ਹੋਣਗੇ।

**Processing of the Nominations:** ਵੈਬ ਪੋਰਟਲ ਰਾਹੀਂ ਪ੍ਰਾਪਤ ਕੀਤੀਆਂ ਸਾਰੀਆਂ ਨਾਮੀਨੇਸ਼ਨਜ਼ MIS wing ਵੱਲੋਂ ਕੀਤੀਆਂ ਜਾਣਗੀਆਂ। ਜ਼ਿਲ੍ਹਾ ਵਾਰ ਸ਼ਾਰਟ-ਲਿਸਟ ਕੀਤੀਆਂ ਨਾਮੀਨੇਸ਼ਨਜ਼ ਸਬੰਧਤ ਡੀ.ਈ.ਓ ਨੂੰ ਭੇਜੀਆਂ ਜਾਣਗੀਆਂ। ਡੀ.ਈ.ਓ ਵੱਲੋਂ ਦੁਬਾਰਾ ਇਹਨਾਂ ਨਾਮੀਨੇਸ਼ਨਜ਼ ਦਾ ਮੁਲਅੰਕਣ ਕੀਤਾ ਜਾਵੇਗਾ ਅਤੇ ਜੇਕਰ ਡੀ.ਈ.ਓ ਨੂੰ ਲਗਦਾ ਹੈ ਕਿ ਕਿਸੇ ਵੀ deserving ਮਿਹਨਤੀ ਅਧਿਆਪਕ/ ਸਕੂਲ ਮੁੱਖੀ ਦੀ ਸਟੇਟ ਅਵਾਰਡ ਲਈ ਨਾਮੀਨੇਸ਼ਨ ਰਹਿ ਗਈ ਹੈ ਤਾਂ ਉਹ ਸ਼ਾਰਟ ਲਿਸਟ ਕੀਤੀਆਂ ਅਰਜੀਆਂ ਦਾ 10 ਪ੍ਰਤੀਸ਼ਤ ਹੋਰ ਅਧਿਆਪਕ/ ਸਕੂਲ ਮੁੱਖੀਆਂ ਦੀ ਨਾਮੀਨੇਸ਼ਨ ਖੁਦ ਕਰ ਸਕਦੇ ਹਨ। ਡੀ.ਈ.ਓ ਵੱਲੋਂ ਵੀ ਨਾਮੀਨੇਟ ਕੀਤੇ ਅਧਿਆਪਕ/ ਸਕੂਲ ਮੁੱਖੀਆਂ ਲਈ ਸਿਰਫ ਆਪਣੇ ਹੱਥ ਲਿਖਤ ਵਿੱਚ ਘੱਟੋ-ਘੱਟ 250 ਸ਼ਬਦਾਂ ਵਿੱਚ ਲਿਖਣਾ ਜ਼ਰੂਰੀ ਹੈ ਅਤੇ ਉਹਨਾਂ ਨੂੰ ਵੈਬ ਪੋਰਟਲ ਤੇ ਅਪਲੋਡ ਕਰਨ ਦੀ ਜਿੰਮੇਵਾਰੀ ਵੀ ਸਬੰਧਤ ਡੀ.ਈ.ਓ ਦੀ ਹੋਵੇਗੀ।

**Screening Criteria:** ਡੀ.ਈ.ਓ ਵੱਲੋਂ ਸ਼ਾਰਟ ਲਿਸਟ ਕੀਤੇ ਗਏ ਅਧਿਆਪਕ/ ਸਕੂਲ ਮੁੱਖੀਆਂ ਦੀ ਆਪਣੇ ਜ਼ਿਲ੍ਹੇ ਨਾਲ ਸਬੰਧਤ ਅਰਜੀਆਂ ਦੀ screening ਕੀਤੀ ਜਾਵੇਗੀ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਉਹਨਾਂ ਦੇ ਵਿਰੁੱਧ ਕਿਸੇ ਤਰਾਂ ਦੀ ਕੋਈ ਚਾਰਜਸ਼ੀਟ (ਰੂਲ 8 ਅਧੀਨ), Sexual Exploitation/ Harassment ਦਾ ਕੋਈ ਕੇਸ ਪੈਂਡਿੰਗ ਨਹੀ ਹੈ।

ਸਾਰੇ ਜਿਲਿਆਂ ਵਲੋਂ ਸ਼ਾਰਟ ਲਿਸਟ ਅਤੇ ਰਿਕਮੈਂਡ ਕੀਤੇ ਅਧਿਆਪਕਾਂ/ ਸਕੂਲ ਮੁੱਖੀਆਂ ਨੂੰ ਫਾਈਨਲ ਸਲੇਕਸ਼ਨ ਤੋਂ ਪਹਿਲਾਂ ਸਟੇਟ ਲੈਵਲ ਦੀ ਜਿਊਰੀ ਅੱਗੇ ਪਰਜੈਨਟੇਸ਼ਨ ਦੇਣੀ ਪਵੇਗੀ। ਇਸ ਸਬੰਧੀ ਬਾਅਦ ਵਿੱਚ ਸੂਚਿੱਤ ਕੀਤਾ ਜਾਵੇਗਾ।

ਉਪਰੋਕਤ ਕਮੇਟੀ ਵੱਲੋਂ ਨਾਮੀਨੀਜ਼ ਦੀ ਫਿਜੀਕਲ ਵੈਰੀਫਿਕੇਸ਼ਨ ਵੀ ਕੀਤੀ ਜਾਵੇਗੀ ਅਤੇ ਜਿਊਰੀ ਵੱਲੋਂ ਸਲੈਕਟ ਕੀਤੇ ਅਧਿਆਪਕਾਂ/ ਸਕੂਲ ਮੁੱਖੀਆਂ ਨੂੰ ਸਿੱਖਿਆ ਵਿਭਾਗ ਵੱਲੋਂ ਅਧਿਆਪਕ ਦਿਵਸ (5 ਸਤੰਬਰ 2019) ਦੇ ਮੌਕੇ ਤੇ ਸਟੇਟ ਅਵਾਰਡ ਦਿੱਤਾ ਜਾਵੇਗਾ।

2/8/19

**ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ**

Scanned with CamScanner